# Prime Minister’s meeting with Prime Minister of Japan

September 27, 2022

## ਪ੍ਰਧਾਨ ਮੰਤਰੀ ਦੀ ਜਪਾਨ ਦੇ ਪ੍ਰਧਾਨ ਮੰਤਰੀ ਦੇ ਨਾਲ ਬੈਠਕ

ਸਤੰਬਰ 27, 2022

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਜਪਾਨ ਦੇ ਪ੍ਰਧਾਨ ਮੰਤਰੀ ਮਹਾਮਹਿਮ ਸ਼੍ਰੀ ਫੁਮੀਓ ਕਿਸ਼ੀਦਾ ਦੇ ਨਾਲ ਦੁਵੱਲੀ ਬੈਠਕ ਕੀਤੀ। ਪ੍ਰਧਾਨ ਮੰਤਰੀ ਨੇ ਸਾਬਕਾ ਪ੍ਰਧਾਨ ਮੰਤਰੀ ਸ਼ਿੰਜ਼ੋ ਆਬੇ ਦੇ ਅਕਾਲ ਚਲਾਣੇ ’ਤੇ ਗਹਿਰੀ ਸੰਵੇਦਨਾ ਵਿਅਕਤ ਕੀਤੀ। ਪ੍ਰਧਾਨ ਮੰਤਰੀ ਨੇ ਭਾਰਤ-ਜਪਾਨ ਸਾਂਝੇਦਾਰੀ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਇੱਕ ਸੁਤੰਤਰ, ਖੁੱਲ੍ਹੇ ਅਤੇ ਸਮਾਵੇਸ਼ੀ ਹਿੰਦ-ਪ੍ਰਸ਼ਾਂਤ ਖੇਤਰ ਦੇ ਵਿਜ਼ਨ ਦੀ ਪਰਿਕਲਪਨਾ ਵਿੱਚ ਮਰਹੂਮ ਪ੍ਰਧਾਨ ਮੰਤਰੀ ਆਬੇ ਦੇ ਯੋਗਦਾਨ ਨੂੰ ਰੇਖਾਂਕਿਤ ਕੀਤਾ।

2.ਦੋਹਾਂ ਲੀਡਰਾਂ ਦੇ ਦਰਮਿਆਨ ਦੁਵੱਲੇ ਸਬੰਧਾਂ ਨੂੰ ਹੋਰ ਗਹਿਰਾ ਕਰਨ ਦੇ ਨਾਲ ਸਬੰਧਿਤ ਵਿਚਾਰਾਂ ਦਾ ਉਪਯੋਗੀ ਅਦਾਨ-ਪ੍ਰਦਾਨ ਹੋਇਆ। ਉਨ੍ਹਾਂ ਨੇ ਕਈ ਖੇਤਰੀ ਅਤੇ ਆਲਮੀ ਮੁੱਦਿਆਂ ’ਤੇ ਵੀ ਚਰਚਾ ਕੀਤੀ। ਉਨ੍ਹਾਂ ਨੇ ਭਾਰਤ-ਜਪਾਨ ਵਿਸ਼ੇਸ਼ ਰਣਨੀਤਕ ਅਤੇ ਆਲਮੀ ਸਾਂਝੇਦਾਰੀ ਨੂੰ ਹੋਰ ਮਜ਼ਬੂਤ ਕਰਨ, ਅਤੇ ਇਸ ਖੇਤਰ ਵਿੱਚ ਅਤੇ ਵਿਭਿੰਨ ਅੰਤਰਰਾਸ਼ਟਰੀ ਸਮੂਹਾਂ ਅਤੇ ਸੰਸਥਾਨਾਂ ਵਿੱਚ ਨਾਲ ਮਿਲ ਕੇ ਕੰਮ ਕਰਨ ਦੀ ਆਪਣੀ ਪ੍ਰਤੀਬੱਧਤਾ ਨੂੰ ਫਿਰ ਤੋਂ ਦੁਹਰਾਇਆ

ਟੋਕੀਓ

ਸਤੰਬਰ 27, 2022

DISCLAIMER: This is an approximate translation. The original is available in English on MEA’s website and may be referred to as the official press release.